5/c

# ਪੰਜਾਬੀ ਯੂਨੀਵਰਸਿਟੀ, ਪਟਿਆਲਾ

(1961 ਦੇ ਪੰਜਾਬ ਐਕਟ ਨੰ: 35 ਤਹਿਤ ਸਥਾਪਤ)

(ਕਾਲਜ ਸੈਕਸ਼ਨ)

ਨੰ. 3252 ਕਾਲਜ/ਜ਼ੀ.ਸੀ-5

ਮਿਤੀ 14/9/2022

ਯੂਨੀਵਰਸਿਟੀ ਨਾਲ ਸਬੰਧਤ ਸਮੂਹ ਗੈਰ-ਸਰਕਾਰੀ ਕਾਲਜਾਂ ਦੇ
ਪ੍ਰਿੰਸੀਪਲ/ਡਾਇਰੈਕਟਰ ਸਾਹਿਬਾਨ ਨੂੰ,

ਵਿਸ਼ਾ :- ਐਜੂਕੇਸ਼ਨ ਕੋਰਸਾਂ ਦਾ ਮਿਆਰ ਉੱਚਾ ਚੁੱਕਣ ਸਬੰਧੀ।

ਹਵਾਲਾ :- 2861 ਕਾਲਜ/ਜੀ.ਸੀ.-5 ਮਿਤੀ: 10.08.2022

ਇਸ ਦਫ਼ਤਰ ਵੱਲੋਂ ਪਹਿਲਾਂ ਜਾਰੀ ਕੀਤੇ ਹਵਾਲਾ ਅਧੀਨ ਪੱਤਰ ਦੀ ਲਗਾਤਾਰਤਾ ਵਿਚ ਮੁੜ ਸੂਚਿਤ ਕੀਤਾ ਜਾਂਦਾ ਹੈ ਕਿ ਕਾਲਜਾਂ ਵਿਚ ਵਿਦਿਆਰਥੀਆਂ ਦੀ ਪੜ੍ਹਾਈ ਲਈ ਵਿਦਿਆਰਥੀਆਂ ਦੀ ਰੈਗੂਲਰ ਹਾਜ਼ਰੀ ਨੂੰ ਯਕੀਨੀ ਬਣਾਇਆ ਜਾਵੇ ਅਤੇ ਸਾਰੇ ਕਾਲਜਾਂ ਵੱਲੋਂ ਐਜੂਕੇਸ਼ਨ ਦੇ ਮਿਆਰ ਨੂੰ ਉੱਚਾ ਚੁੱਕਣ ਵਿਚ ਪੰਜਾਬੀ ਯੂਨੀਵਰਸਿਟੀ ਨੂੰ ਪੂਰਾ ਸਹਿਯੋਗ ਦਿੱਤਾ ਜਾਵੇ।

ਇਸ ਸਬੰਧੀ ਕਾਲਜਾਂ ਦੀ ਐਸੋਸੀਏਸ਼ਨ ਅਤੇ ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ ਵੱਲੋਂ ਵੀ ਇੱਕ ਬਹੁਤ ਸ਼ਲਾਘਾਯੋਗ ਉਪਰਾਲਾ ਕਰਦੇ ਹੋਏ ਕਾਲਜਾਂ ਨੂੰ ਖੁੱਦ ਜ਼ਿੰਮੇਵਾਰ ਬਨਾਉਣ ਅਤੇ ਵਿਦਿਆਰਥੀਆਂ ਦੀ ਰੈਗੂਲਰ ਹਾਜ਼ਰੀ ਲਈ ਯੂਨੀਵਰਸਿਟੀ ਨੂੰ ਸਹਿਯੋਗ ਦੇਣ ਲਈ ਯਕੀਨ ਵੀ ਦਿਵਾਇਆ ਗਿਆ ਹੈ, ਪ੍ਰੰਤੂ ਅਜੇ ਵੀ ਕੁੱਝ ਕਾਲਜਾਂ ਦੀਆਂ ਸ਼ਿਕਾਇਤਾਂ ਹਸਤਾਖਰਕਰਤਾ ਨੂੰ ਆ ਰਹੀਆਂ ਹਨ ਕਿ ਕੁੱਝ ਕਾਲਜਾਂ ਵੱਲੋਂ ਸੈਸ਼ਨ 2022-23 ਦੌਰਾਨ **Dummy** ਦਾਖਲੇ ਕੀਤੇ ਜਾ ਰਹੇ ਹਨ।ਇਨ੍ਹਾਂ ਕਾਲਜਾਂ ਨੂੰ ਮੁੜ ਹਦਾਇਤ ਕਰਦੇ ਹੋਏ ਬੇਨਤੀ ਹੈ ਕਿ ਯੂਨੀਵਰਸਿਟੀ ਨਾਲ ਸਹਿਯੋਗ ਕਰਦੇ ਹੋਏ **Dummy** ਦਾਖਲਿਆਂ ਤੋਂ ਗੁਰੇਜ਼ ਕੀਤਾ ਜਾਵੇ ਅਤੇ ਯੂਨੀਵਰਸਿਟੀ ਨੂੰ ਉਨ੍ਹਾਂ ਕਾਲਜਾਂ ਦੇ ਖਿਲਾਫ ਅਨੁਸ਼ਾਸਨਿਕ ਕਾਰਵਾਈ ਕਰਨ ਲਈ ਮਜ਼ਬੂਰ ਨਾ ਕੀਤਾ ਜਾਵੇ।

ਆਪ ਵੱਲੋਂ ਮਿਲ ਰਹੇ ਸਹਿਯੋਗ ਲਈ ਧੰਨਵਾਦ।

ਗੁਰਪ੍ਰੀਤ ਸਿੰਘ
14/9/22

ਡੀਨ, ਕਾਲਜ ਵਿਕਾਸ ਕੌਂਸਲ